ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਸਿਵਲ ਹਸਪਤਾਲ ਨੂੰ ਪੀਪੀਈ ਕਿੱਟਾਂ ਭੇਂਟ ਕੀਤੀਆਂ

ਬਠਿੰਡਾ, 1 ਜੂਨ:

ਕੋਰੋਨਾ ਮਹਾਮਾਰੀ ਦੌਰਾਨ ਸੁਰੱਖਿਆ ਨੂੰ ਮੱਦੇਨਜਰ ਰੱਖਦੇ ਹੋਏ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਵੱਲੋਂ ਕਰੋਨਾ ਮਹਾਮਾਰੀ ਤੋਂ ਲੋਕਾਂ ਨੂੰ ਬਚਾਉਣ ਵਿੱਚ ਲੱਗੇ ਡਾਕਟਰਾਂ, ਨਰਸਾਂ ਅਤੇ ਮੈਡੀਕਲ ਸੇਵਾਵਾਂ ਵਿੱਚ ਸਹਿਯੋਗ ਦੇਣ ਵਾਲੇ ਸਿਹਤ ਕਰਮੀਆਂ ਲਈ ਪੀ.ਪੀ.ਈ. ਕਿੱਟਾਂ ਸੁਸਾਇਟੀ ਆਫ ਮੈਟੀਰੀਅਲ ਅਤੇ ਮਕੈਨੀਕਲ ਇੰਜਨੀਅਰ (ਸੋਮੇ) ਦੇ ਪ੍ਰਧਾਨ ਡਾ.ਬੂਟਾ ਸਿੰਘ ਸਿੱਧੂ ਡੀਨ, ਪਲੈਨਿੰਗ ਅਤੇ ਡਿਵੈਲਪਮੈਂਟ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਅਤੇ ਸੁਸਾਇਟੀ ਆਫ ਮੈਟੀਰੀਅਲ ਅਤੇ ਮਕੈਨੀਕਲ ਇੰਜਨੀਅਰ (ਸੋਮੇ) ਦੇ ਸੈਕਟਰੀ, ਡਾ. ਪ੍ਰਦੀਪ ਜਿੰਦਲ ਅਸਿਸਟੈਂਟ ਪ੍ਰੋਫੈਸਰ ਮਕੈਨੀਕਲ ਇੰਜਨੀਅਰ ਡਿਪਾਰਟਮੈਂਟ, ਯਾਦਵਿੰਦਰਾ ਕਾਲਜ ਆਫ ਇੰਜਨੀਅਰ ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵੱਲੋਂ ਸਿਵਲ ਸਰਜਨ ਬਠਿੰਡਾ ਡਾ. ਅਮਰੀਕ ਸਿੰਘ ਸੰਧੂ ਦੇ ਸਪੁਰਦ ਕੀਤੀਆਂ ਗਈਆਂ। ਇਸ ਮੌਕੇ ਜ਼ਿਲਾ ਟੀਕਾਕਰਨ ਅਫਸਰ ਡਾ. ਕੁੰਦਨ ਕੁਮਾਰ ਪਾਲ, ਮੈਡੀਕਲ ਅਫਸਰ ਡਾ. ਹਰਵਿੰਦਰ ਸਿੰਘ, ਜ਼ਿਲਾ ਮਾਸ ਮੀਡੀਆ ਅਫਸਰ ਜਗਤਾਰ ਸਿੰਘ ਬਰਾੜ ਅਤੇ ਫਾਰਮੇਸੀ ਅਫਸਰ ਕਮਲ ਗੁਪਤਾ ਹਾਜ਼ਰ ਸਨ।

ਸਿਵਲ ਸਰਜਨ ਬਠਿੰਡਾ ਡਾ. ਅਮਰੀਕ ਸਿੰਘ ਸੰਧੂ ਵੱਲੋ ਕੋਰੋਨਾ ਮਹਾਂਮਾਰੀ ਵਿੱਚ ਲੱਗੇ ਡਾਕਟਰ, ਪੈਰਾਮੈਡੀਕਲ ਸਟਾਫ ਅਤੇ ਮੈਡੀਕਲ ਸੇਵਾਵਾਂ ਵਿੱਚ ਸਹਿਯੋਗ ਦੇ ਰਹੇ ਕਰਮੀਆਂ ਲਈ ਜੋ ਇਹ ਸੁਰੱਖਿਆ ਸਮਾਨ ਡੋਨੇਟ ਕੀਤਾ ਗਿਆ ਹੈ ਇਸ ਲਈ ਸੰਸਥਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਉਨਾਂ ਨੇ ਕਿਹਾ ਕਿ ਉਹ ਉਮੀਦ ਕਰਦੇ ਹਨ ਕਿ ਇਹ ਸੰਸਥਾ ਅੱਗੇ ਤੋਂ ਵੀ ਸਮਾਜ ਸੇਵੀ ਕੰਮਾਂ ਵਿੱਚ ਵੱਧ ਤੋਂ ਵੱਧ ਸਿਹਤ ਵਿਭਾਗ ਨੂੰ ਸਹਿਯੋਗ ਦਿੰਦੀ ਰਹੇਗੀ।

I/29652/2020

Scanned with CamScanner

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਬਠਿੰਡਾ ਵਿਚ ਕਰੋਨਾ ਦੇ ਦੋ ਹੋਰ ਮਾਮਲੇ ਸਾਹਮਣੇ ਆਏ

-ਦਿੱਲੀ ਤੋਂ ਪਰਤੇ ਸਨ ਅਤੇ ਗ੍ਰਹਿ ਇਕਾਂਤਵਾਸ ਵਿਚ ਸਨ ਦੋਨੋਂ

-ਜ਼ਿਲ੍ਹੇ ਵਿਚ ਐਕਟਿਵ ਕੇਸਾਂ ਦੀ ਗਿਣਤੀ 7 ਹੋਈ

-170 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ

ਬਠਿੰਡਾ, 1 ਜੂਨ

ਬਠਿੰਡਾ ਜ਼ਿਲ੍ਹੇ ਅੱਜ ਦੋ ਹੋਰ ਕਰੋਨਾ ਕੇਸ ਸਾਹਮਣੇ ਆਏ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਅੱਜ ਸਾਹਮਣੇ ਆਏ ਦੋਨੋਂ ਮਾਮਲਿਆਂ ਵਿਚ ਸਬੰਧਤ ਵਿਅਕਤੀ ਪਿੱਛਲੇ ਦਿਨੀਂ ਦਿੱਲੀ ਤੋਂ ਪਰਤੇ ਸਨ। ਉਨ੍ਹਾਂ ਨੇ ਦੱਸਿਆ ਕਿ ਇਹ ਲੋਕ ਜ਼ਿਲ੍ਹੇ ਵਿਚ ਪਰਤਨ ਦੇ ਸਮੇਂ ਤੋਂ ਲੈ ਕੇ ਆਪਣੇ ਘਰ ਵਿਚ ਹੀ ਇਕਾਂਤਵਾਸ ਵਿਚ ਸਨ। ਉਨ੍ਹਾਂ ਨੇ ਦੱਸਿਆ ਕਿ ਇਹ ਦੋਨੋਂ ਪੁਰਸ਼ ਹਨ ਅਤੇ ਹੁਣ ਜ਼ਿਲ੍ਹੇ ਵਿਚ ਐਕਟਿਵ ਕੇਸਾਂ ਦੀ ਗਿਣਤੀ 7 ਹੋ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ 170 ਹੋਰ ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ ਹੋਈਆਂ ਹਨ। ਉਨ੍ਹਾਂ ਨੇ ਦੱਸਿਆ ਕਿ ਹੁਣ ਬੀਤੇ ਕੱਲ ਭੇਜੇ 19 ਸੈਂਪਲਾਂ ਦੀ ਰਿਪੋਰਟ ਹੀ ਬਕਾਇਆ ਰਹਿ ਗਈ ਹੈ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਇਸ ਮੌਕੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਾਰੀਆਂ ਸਾਵਧਾਨੀਆਂ ਦਾ ਪਾਲਣ ਕਰਨ। ਉਨ੍ਹਾਂ ਨੇ ਤਾੜਨਾ ਕੀਤੀ ਕਿ ਜਿੰਨ੍ਹਾਂ ਲੋਕਾਂ ਨੂੰ ਦੂਜੇ ਪ੍ਰਦੇਸ਼ਾਂ ਜਾਂ ਵਿਦੇਸ਼ ਤੋਂ ਆਉਣ ਬਾਅਦ ਇਕਾਂਤਵਾਸ ਕੀਤਾ ਹੈ ਉਹ ਇਸਦਾ ਸਖ਼ਤੀ ਨਾਲ ਪਾਲਣ ਕਰਨ। ਉਨ੍ਹਾਂ ਨੇ ਕਿਹਾ ਕਿ ਜੇਕਰ ਕਿਸੇ ਨੇ ਇਕਾਂਤਵਾਸ ਤੋੜਿਆ ਤਾਂ ਅਜਿਹੇ ਲੋਕਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੰਮਕਾਜ ਦੇ ਸਥਾਨਾਂ, ਬਜਾਰਾਂ ਜਾਂ ਸਫਰ ਦੌਰਾਨ ਸਰਕਾਰ ਦੀਆਂ ਹਦਾਇਤਾਂ ਦਾ ਪਾਲਣ ਕੀਤਾ ਜਾਵੇ ਅਤੇ ਹਮੇਸਾਂ ਮਾਸਕ ਪਹਿਣ ਕੇ ਰੱਖਿਆ ਜਾਵੇ ਅਤੇ ਸਮਾਜਿਕ ਦੂਰੀ ਲਾਜ਼ਮੀ ਤੌਰ ਤੇ ਬਣਾ ਕੇ ਰੱਖੀ ਜਾਵੇ।

<u>I/29537/2020</u>

Scanned with CamScanner